ਵਡਹੰਸੁ ਮਹਲਾ ੫ ॥ ਤੂ ਵਡ ਦਾਤਾ ਅੰਤਰਜਾਮੀ ॥ ਸਭ ਮਹਿ ਰਵਿਆ ਪੂਰਨ ਪ੍ਰਭ ਸੁਆਮੀ ॥੧॥ ਮੇਰੇ ਪ੍ਰਭ ਪ੍ਰੀਤਮ ਨਾਮੁ ਅਧਾਰਾ ॥ ਹਉ ਸੁਣਿ ਸੁਣਿ ਜੀਵਾ ਨਾਮੁ ਤੁਮਾਰਾ ॥ ੧॥ ਰਹਾਉ ॥ ਤੇਰੀ ਸਰਣਿ ਸਤਿਗੁਰ ਮੇਰੇ ਪੂਰੇ ॥ ਮਨੁ ਨਿਰਮਲੁ ਹੋਇ ਸੰਤਾ ਧੂਰੇ ॥੨॥ ਚਰਨ ਕਮਲ ਹਿਰਦੈ ਉਰਿ ਧਾਰੇ ॥ ਤੇਰੇ ਦਰਸਨ ਕਉ ਜਾਈ ਬਲਿਹਾਰੇ ॥੩॥ ਕਰਿ ਕਿਰਪਾ ਤੇਰੇ ਗੁਣ ਗਾਵਾ ॥ ਨਾਨਕ ਨਾਮੁ ਜਪਤ ਸੁਖੁ ਪਾਵਾ ॥੪॥੫॥ {ਪੰਨਾ 563}

ਪਦਅਰਥ:- ਦਾਤਾ—ਬਖ਼ਸ਼ਸ਼ਾਂ ਕਰਨ ਵਾਲਾ। ਪੂਰਨ—ਸਰਬ-ਵਿਆਪਕ।1।

ਪ੍ਰਭ—ਹੇ ਪ੍ਰਭੂ! ਅਧਾਰਾ—ਆਸਰਾ। ਹਉ—ਮੈਂ। ਸੁਣਿ—ਸੁਣ ਕੇ। ਜੀਵਾ—ਜੀਵਾਂ, ਆਤਮਕ ਜੀਵਨ ਹਾਸਲ ਕਰਦਾ ਹਾਂ।1। ਰਹਾਉ।

ਸਤਿਗੁਰ—ਹੇ ਸਤਿਗੁਰੂ! ਧੂਰੇ—ਚਰਨ-ਧੂੜ ਵਿਚ।2।

ਉਰਿ—ਹਿਰਦੇ ਵਿਚ। ਜਾਈ—ਜਾਈਂ, ਮੈਂ ਜਾਂਦਾ ਹਾਂ। ਕਉ—ਨੂੰ, ਤੋਂ।3।

ਗਾਵਾ—ਗਾਵਾਂ, ਮੈਂ ਗਾਵਾਂ। ਪਾਵਾ—ਪਾਵਾਂ।4।

ਅਰਥ:- ਹੇ ਮੇਰੇ ਪ੍ਰੀਤਮ ਪ੍ਰਭੂ! ਤੇਰਾ ਨਾਮ (ਮੇਰੀ ਜ਼ਿੰਦਗੀ ਦਾ) ਆਸਰਾ ਹੈ। ਤੇਰਾ ਨਾਮ ਸੁਣ ਸੁਣ ਕੇ ਮੈਂ ਆਤਮਕ ਜੀਵਨ ਹਾਸਲ ਕਰਦਾ ਹਾਂ।1। ਰਹਾਉ।

ਹੇ ਮੇਰੇ ਸੁਆਮੀ! ਹੇ ਸਰਬ-ਵਿਆਪਕ ਪ੍ਰਭੂ! ਤੂੰ ਸਭ ਤੋਂ ਵੱਡਾ ਦਾਤਾ ਹੈਂ, ਤੂੰ (ਜੀਵਾਂ ਦੇ) ਦਿਲ ਦੀ ਜਾਣਨ ਵਾਲਾ ਹੈਂ, ਤੂੰ ਸਭ ਦੇ ਅੰਦਰ ਮੌਜੂਦ ਹੈਂ।1।

ਹੇ ਮੇਰੇ ਪੂਰੇ ਸਤਿਗੁਰੂ! ਮੈਂ ਤੇਰੀ ਸਰਨ ਆਇਆ ਹਾਂ, ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਨਾਲ ਮਨ ਪਵਿਤ੍ਰ ਹੋ ਜਾਂਦਾ ਹੈ (ਤੇ, ਪਰਮਾਤਮਾ ਦਾ ਦਰਸਨ ਹੁੰਦਾ ਹੈ)।2।

ਹੇ ਪ੍ਰਭੂ! ਮੈਂ ਤੇਰੇ ਦਰਸਨ ਤੋਂ ਕੁਰਬਾਨ ਜਾਂਦਾ ਹਾਂ, ਤੇਰੇ ਸੋਹਣੇ ਕੋਮਲ ਚਰਨ ਮੈਂ ਆਪਣੇ ਹਿਰਦੇ ਵਿਚ ਟਿਕਾਏ ਹੋਏ ਹਨ।3।

ਹੇ ਨਾਨਕ (ਆਖ—ਹੇ ਪ੍ਰਭੂ!) ਮੇਹਰ ਕਰ, ਮੈਂ ਤੇਰੇ ਗੁਣ ਗਾਂਦਾ ਰਹਾਂ, ਤੇ, ਤੇਰਾ ਨਾਮ ਜਪਦਿਆਂ ਆਤਮਕ ਆਨੰਦ ਮਾਣਦਾ ਰਹਾਂ।4।5।